ਫਾਜ਼ਿਲਕਾ ਅਜੀਤ ਬਠਿੰਡਾ ਅਜੀਤ 6
ਬੁੱਧਵਾਰ, 29 ਅਕਤੂਬਰ 2025

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਡੀ.ਏ.ਵੀ .ਕਾਲਜ ਆਫ਼ ਐਜੂਕੇਸ਼ਨ ਅਬੋਹਰ 'ਚ ਯੂਥ ਫ਼ੈਸਟੀਵਲ ਦੇ ਦੂਜੇ ਦਿਨ ਪ੍ਰੋਗਰਾਮ ਸਫਲਤਾਪੂਰਵਕ ਸਮਾਪਤ

ਅਬੋਹਰ, 28 ਅਕਤੂਬਰ (ਵਿਵੇਕ ਹੂੜੀਆ)- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨਾਲ ਸੰਬੰਧਿਤ ਜ਼ੋਨ ਬੀ ਕਾਲਜ ਆਫ਼ ਐਜੂਕੇਸ਼ਨ ਵਲੋਂ ਆਯੋਜਿਤ ਜ਼ੋਨਲ ਯੂਥ ਐਂਡ ਹੈਰੀਟੇਜ ਫ਼ੈਸਟੀਵਲ 2025 ਦਾ ਦੂਜਾ ਦਿਨ ਡੀ.ਏ.ਵੀ. ਕਾਲਜ ਆਫ਼ ਐਜੂਕੇਸ਼ਨ ਅਬੋਹਰ ਵਿਖੇ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਸਮਾਪਤ ਹੋਇਆ। ਸਵੇਰ ਦੇ ਸੈਸ਼ਨ ਵਿਚ ਮੁੱਖ ਮਹਿਮਾਨ ਰਵਿੰਦਰ ਅਰੋੜਾ ਅਤੇ ਵਿਸ਼ੇਸ਼ ਮਹਿਮਾਨ ਭੁਪਿੰਦਰ ਉਤਰੇਜਾ, ਮੰਗਤ ਵਰਮਾ, ਡਾ. ਗੌਰਵ ਵਿਜ ਨੇ ਦੀਪ ਜਗਾ ਕੇ ਪ੍ਰੋਗਰਾਮ ਦਾ ਉਦਘਾਟਨ ਕੀਤਾ। ਵਿਦਿਆਰਥੀਆਂ ਦੀ ਊਰਜਾ, ਰਚਨਾਤਮਿਕਤਾ ਅਤੇ ਸਭਿਆਚਾਰਕ ਪ੍ਰਗਟਾਵੇ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨਾਂ ਵਿਚ ਆਤਮ-ਵਿਸ਼ਵਾਸ, ਲੀਡਰਸ਼ਿਪ ਹੁਨਰ ਅਤੇ ਭਾਰਤੀ ਸਭਿਆਚਾਰਕ ਕਦਰਾਂ-ਕੀਮਤਾਂ ਨੂੰ ਵਿਕਸਤ ਕਰਨ ਵਿਚ ਮਦਦ ਕਰਦੇ ਹਨ। ਇਸ ਦਿਨ ਕਰਵਾਏ ਗਏ ਮੁਕਾਬਲਿਆਂ ਵਿਚ ਮਾਈਮ, ਮਿਮਿਕਰੀ, ਭੰਡ, ਇੱਕ-ਕਮਾਲ ਨਾਟਕ, ਹਿਸਟਰੋਨਿਕਸ, ਭਾਸ਼ਣ, ਬਹਿਸ, ਕਵਿਤਾ ਪਾਠ, ਮੁਹਾਵਰੇ ਦੀ ਗੱਲਬਾਤ ਵਰਗੇ ਸਟੇਜ ਮੁਕਾਬਲੇ ਸ਼ਾਮਲ ਸਨ, ਨਾਲ ਹੀ ਗੁੱਡੀਆਂ ਪਟੋਲਾ ਬਣਾਉਣਾ, ਚੀਕੂ ਬਣਾਉਣਾ, ਪਰਾਂਦਾ ਬਣਾਉਣਾ, ਨਾਲਾ ਬਣਾਉਣਾ, ਟੋਕਰੀ ਬਣਾਉਣਾ, ਪੱਖਾ ਬਣਾਉਣਾ, ਰੱਸਾ ਬਣਾਉਣਾ, ਐਨੋ ਬਣਾਉਣਾ, ਫੁਲਕਾਰੀ, ਬਾਘ, ਕਰੋਸ਼ੀਆ ਵਰਕ, ਬੁਣਾਈ ਅਤੇ ਮਹਿੰਦੀ ਡਿਜ਼ਾਈਨਿੰਗ ਵਰਗੇ ਵਿਰਾਸਤੀ ਮੁਕਾਬਲੇ ਵੀ ਸ਼ਾਮਲ ਸਨ। ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਅਤੇ ਰਵਾਇਤੀ ਹੁਨਰ ਨੂੰ ਸ਼ਾਨਦਾਰ ਢੰਗ ਨਾਲ ਪ੍ਰਦਰਸ਼ਿਤ ਕੀਤਾ ਅਤੇ ਦਰਸ਼ਕਾਂ ਤੋਂ ਬਹੁਤ ਪ੍ਰਸ਼ੰਸਾ ਪ੍ਰਾਪਤ ਕੀਤੀ। ਕਾਲਜ ਆਫ਼ ਐਜੂਕੇਸ਼ਨ ਦੇ ਸਕਿੱਟ ਅਤੇ ਇਤਿਹਾਸਕ ਕਵਿਤਾ ਪਾਠ ਪਹਿਲੇ ਸਥਾਨ 'ਤੇ ਰਹੇ, ਜਦੋਂ ਕਿ ਮਿਮਿਕਰੀ, ਛਿੱਕੂ ਬਣਾਉਣਾ, ਟੋਕਰੀ ਬਣਾਉਣਾ, ਪੀੜੀ ਬਣਾਉਣਾ, ਇਨੂ ਬਣਾਉਣਾ, ਪਰਾਂਦਾ ਬਣਾਉਣਾ, ਮਹਿੰਦੀ ਬਣਾਉਣਾ ਅਤੇ ਦਸੂਤੀ ਕਢਾਈ ਦੂਜੇ ਸਥਾਨ 'ਤੇ ਰਹੀ। ਗੁੱਡੀਆਂ ਪਟੋਲੇ, ਬਾਘ ਕਢਾਈ ਅਤੇ ਇਕ-ਨਾਟਕ ਨਾਟਕ ਤੀਜੇ ਸਥਾਨ 'ਤੇ ਰਹੇ। ਇਸ ਤੋਂ ਇਲਾਵਾ ਡੀ.ਐਮ. ਕਾਲਜ ਆਫ਼ ਐਜੂਕੇਸ਼ਨ ਮੋਗਾ ਅਤੇ ਦੇਵ ਸਮਾਜ ਕਾਲਜ ਆਫ਼ ਐਜੂਕੇਸ਼ਨ ਫ਼ਿਰੋਜ਼ਪੁਰ ਨੇ ਵੀ ਵੱਖ-ਵੱਖ ਮੁਕਾਬਲਿਆਂ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਕਈ ਇਨਾਮ ਜਿੱਤੇ। ਦੋਵਾਂ ਕਾਲਜਾਂ ਨੇ ਡੀ.ਏ.ਵੀ. ਕਾਲਜ ਆਫ਼ ਐਜੂਕੇਸ਼ਨ ਅਬੋਹਰ ਨਾਲ ਨੇੜਿਓਂ ਮੁਕਾਬਲਾ ਕੀਤਾ। ਜਿਸ ਨਾਲ ਮੁਕਾਬਲਾ ਬਹੁਤ ਦਿਲਚਸਪ ਅਤੇ ਪ੍ਰੇਰਨਾਦਾਇਕ ਬਣ ਗਿਆ। ਡੀ.ਐਮ. ਕਾਲਜ ਆਫ਼ ਐਜੂਕੇਸ਼ਨ ਮੋਗਾ, ਦੇਵ ਸਮਾਜ ਕਾਲਜ ਆਫ਼ ਐਜੂਕੇਸ਼ਨ ਫ਼ਿਰੋਜ਼ਪੁਰ ਅਤੇ ਦਸਮੇਸ਼ ਕਾਲਜ ਆਫ਼ ਐਜੂਕੇਸ਼ਨ ਬਾਦਲ ਨੇ ਵੀ ਵੱਖ-ਵੱਖ ਮੁਕਾਬਲਿਆਂ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਕਈ ਇਨਾਮ ਜਿੱਤੇ। ਤਿੰਨੋਂ ਕਾਲਜਾਂ ਨੇ ਸਖ਼ਤ ਮੁਕਾਬਲਾ ਦਿੱਤਾ, ਜਿਸ ਨਾਲ ਮੁਕਾਬਲੇ ਦਾ ਪੱਧਰ ਬਹੁਤ ਦਿਲਚਸਪ ਅਤੇ ਪ੍ਰੇਰਨਾਦਾਇਕ ਹੋ ਗਿਆ। ਸ਼ਾਮ ਦੇ ਸੈਸ਼ਨ ਵਿਚ ਮੁੱਖ ਮਹਿਮਾਨ ਵਿਪਨ ਨਾਗਪਾਲ ਅਤੇ ਵਿਸ਼ੇਸ਼ ਮਹਿਮਾਨ ਰਾਹੁਲ ਸੋਮਾਨੀ ਨੇ ਭਾਗੀਦਾਰਾਂ ਨੂੰ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਪਲੇਟਫ਼ਾਰਮ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਛੁਪੀਆਂ ਪ੍ਰਤਿਭਾਵਾਂ ਨੂੰ ਨਿਖਾਰਨ ਅਤੇ ਸਮਾਜ ਨੂੰ ਸਕਾਰਾਤਮਿਕ ਸੰਦੇਸ਼ ਦੇਣ ਦਾ ਮੌਕਾ ਪ੍ਰਦਾਨ ਕਰਦੇ ਹਨ। ਇਹ ਪ੍ਰੋਗਰਾਮ ਸੰਗਠਨ ਸਕੱਤਰ ਅਜੈ ਖੋਸਲਾ ਅਤੇ ਕੋਆਰਡੀਨੇਟਰ ਡਾ. ਹਰਪ੍ਰੀਤ ਕੌਰ ਅਤੇ ਜੇ.ਏ.ਐੱਸ.ਸੀ.ਸੀ.ਮੈਂਬਰਾਂ ਡਾ. ਮਨਦੀਪ ਕੌਰ, ਮੈਡਮ ਸੁਸ਼ੀਲਾ, ਮੈਡਮ ਜਤਿੰਦਰ ਦੀ ਅਗਵਾਈ ਹੇਠ ਸਫਲਤਾਪੂਰਵਕ ਸੰਚਾਲਿਤ ਕੀਤਾ ਗਿਆ। ਇਸ ਮੌਕੇ ਕਾਰਜਕਾਰੀ ਪ੍ਰਿੰਸੀਪਲ ਡਾ. ਵਿਜੇ ਗਰੋਵਰ ਨੇ ਕਿਹਾ ਕਿ ਨੌਜਵਾਨ ਮੇਲਾ ਵਿਦਿਆਰਥੀਆਂ ਦੀਆਂ ਬਹੁਪੱਖੀ ਪ੍ਰਤਿਭਾਵਾਂ ਨੂੰ ਨਿਖਾਰਨ ਦਾ ਇੱਕ ਵਧੀਆ ਮਾਧਿਅਮ ਹੈ। ਉਨ੍ਹਾਂ ਕਿਹਾ ਕਿ ਸਾਡੇ ਵਿਦਿਆਰਥੀ ਨਾ ਸਿਰਫ਼ ਅਕਾਦਮਿਕ ਖੇਤਰ ਵਿਚ ਸਗੋਂ ਸਭਿਆਚਾਰਕ ਅਤੇ ਵਿਰਾਸਤੀ ਗਤੀਵਿਧੀਆਂ ਵਿਚ ਵੀ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ, ਜੋ ਕਿ ਮਾਣ ਵਾਲੀ ਗੱਲ ਹੈ। ਉਨ੍ਹਾਂ ਨੇ ਸਾਰੇ ਭਾਗੀਦਾਰਾਂ, ਅਧਿਆਪਕਾਂ ਅਤੇ ਪ੍ਰਬੰਧਕ ਕਮੇਟੀ ਨੂੰ ਇਸ ਸਫਲ ਸਮਾਗਮ ਲਈ ਵਧਾਈ ਦਿੱਤੀ। ਕਾਲਜ ਕੈਂਪਸ ਸਾਰਾ ਦਿਨ ਖ਼ੁਸ਼ੀ, ਉਤਸ਼ਾਹ ਅਤੇ ਰਚਨਾਤਮਿਕਤਾ ਨਾਲ ਭਰਿਆ ਰਿਹਾ।

ਡੀ.ਏ.ਵੀ.ਕਾਲਜ ਆਫ਼ ਐਜੂਕੇਸ਼ਨ ਅਬੋਹਰ ਵਿਖੇ ਕਰਵਾਏ ਗਏ ਮੁਕਾਬਲਿਆਂ 'ਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਕਾਲਜ ਪ੍ਰਬੰਧਕ। ਅਜੀਤ ਤਸਵੀਰ

ਸਰਵਹਿੱਤਕਾਰੀ ਸਕੂਲ 'ਚ ਚੱਲ ਰਹੇ ਸਾਹਿਤ ਦਰਸ਼ਨ ਅਤੇ ਪੁਸਤਕ ਮੇਲੇ ਦੇ ਦੂਜੇ ਦਿਨ ਬੱਚਿਆਂ 'ਚ ਦਿਖਾਈ ਦਿੱਤਾ ਉਤਸ਼ਾਹ

ਫ਼ਾਜ਼ਿਲਕਾ, 28 ਅਕਤੂਬਰ (ਅਮਰਜੀਤ ਸ਼ਰਮਾ)-ਲਾਲਾ ਸਰਨ ਦਾਸ ਬੂਟਾਰਾਮ ਅਗਰਵਾਲ ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਵਿੱਦਿਆ ਭਾਰਤੀ ਉੱਤਰ ਖੇਤਰ ਵਲੋਂ ਚੱਲ ਰਹੇ ਸਾਹਿਤ ਦਰਸ਼ਨ ਅਤੇ ਪੁਸਤਕ ਮੇਲੇ ਦੇ ਅੱਜ ਦੂਜੇ ਦਿਨ ਦੀ ਸ਼ੁਰੂਆਤ ਪਰਮਿੰਦਰ ਸਿੰਘ ਡਿਪਟੀ ਡੀ.ਈ.ਓ. ਐਲੀਮੈਂਟਰੀ ਕੀਤੀ। ਇਸ ਮੌਕੇ ਪ੍ਰਿੰਸੀਪਲ ਸ਼੍ਰੀਮਤੀ ਮਧੂ ਸ਼ਰਮਾ ਅਤੇ ਸ਼ਿਸ਼ੂ ਵਾਟਿਕਾ ਮੁਖੀ ਸ਼੍ਰੀਮਤੀ ਵਨੀਤਾ ਭੁਸਰੀ ਦੇ ਨਾਲ-ਨਾਲ ਸਮੂਹ ਅਧਿਆਪਕ ਅਤੇ ਵਿਦਿਆਰਥੀ ਵੀ ਹਾਜ਼ਰ ਸਨ। ਇਸ ਪੁਸਤਕ ਮੇਲੇ ਵਿਚ ਸਾਡੀ ਭਾਰਤੀ ਸੰਸਕ੍ਰਿਤੀ ਨੂੰ ਦਰਸਾਉਂਦੇ ਅਮੀਰ ਸਾਹਿੱਤ ਨਾਲ ਭਰਪੂਰ ਅਨੇਕਾਂ ਪੁਸਤਕਾਂ ਦਾ ਪ੍ਰਦਰਸ਼ਨ ਹੋਇਆ। ਇਸ ਦੇ ਨਾਲ ਹੀ ਵਿੱਦਿਆ ਮੰਦਰ ਵਿਚ 'ਸਵਦੇਸ਼ੀ ਅਪਣਾਓ ਵਿਦੇਸ਼ੀ ਭਗਾਓ' ਦੇ ਤਹਿਤ ਵੱਖ-ਵੱਖ ਵਸਤੂਆਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਅੱਜ ਇਸ ਮੇਲੇ ਵਿਚ ਦਰਸ਼ਕਾਂ ਦਾ ਤਾਂਤਾ ਲੱਗਿਆ ਰਿਹਾ। ਇਸ ਮੇਲੇ ਵਿਚ ਜੀਨੀਅਸ ਕਾਨਵੈਂਟ ਸਕੂਲ ਕਟਹਿੜਾ, ਐੱਸ.ਵੀ.ਐਮ. ਜਲਾਲਾਬਾਦ, ਸਰਕਾਰੀ ਸਕੂਲ ਲਾਲੋ ਵਾਲੀ, ਕੌਂਫੀ ਇੰਟਰਨੈਸ਼ਨਲ ਸਕੂਲ, ਜੀ.ਏ.ਵੀ. ਜੈਨ ਸਕੂਲ, ਸਰਕਾਰੀ ਕੰਨਿਆ ਸੀਨੀਅਰ ਸੈਕੇਂਡਰੀ ਸਕੂਲ ਫ਼ਾਜ਼ਿਲਕਾ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵੀ ਪੁਸਤਕ ਮੇਲੇ ਦਾ ਅਨੰਦ ਲਿਆ। ਸ਼ਾਮ ਵੇਲੇ ਦੀ ਆਰਤੀ ਧਾਰਮਿਕ ਪ੍ਰਵਿਰਤੀ ਦੇ ਦਾਨੀ ਸੱਜਣ ਦਿਨੇਸ਼ ਮੋਦੀ ਦੇ ਕਰ ਕਮਲਾਂ ਨਾਲ ਕੀਤੀ ਗਈ।

ਅਬੋਹਰ ਵਿਖੇ ਸੰਧੂ ਬਾਕਸਿੰਗ ਕਲੱਬ ਦੇ ਅਹੁਦੇਦਾਰ ਗੁਰੂ ਨਾਨਕ ਖ਼ਾਲਸਾ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਦਲਜੀਤ ਸਿੰਘ ਸੰਧੂ ਨੂੰ ਸਨਮਾਨਿਤ ਕਰਦੇ ਹੋਏ ਅਤੇ ਨਾਲ ਹਾਜ਼ਰ ਹੋਰ ਸ਼ਖ਼ਸੀਅਤਾਂ। ਤਸਵੀਰ-ਸੁਖਜੀਤ ਸਿੰਘ ਬਰਾੜ

ਸੰਧੂ ਬਾਕਸਿੰਗ ਕਲੱਬ ਵਲੋਂ ਚੇਅਰਮੈਨ ਦਲਜੀਤ ਸਿੰਘ ਸਨਮਾਨਿਤ

ਅਬੋਹਰ, 28 ਅਕਤੂਬਰ (ਸੁਖਜੀਤ ਸਿੰਘ ਬਰਾੜ)-ਸੰਧੂ ਬਾਕਸਿੰਗ ਕਲੱਬ ਅਬੋਹਰ ਵਲੋਂ ਖੇਡ ਮੇਲੇ ਕਰਵਾਉਣ ਅਤੇ ਖੇਡਾਂ ਦੇ ਸ਼ੌਕੀਨ ਸਥਾਨਕ ਗੁਰੂ ਨਾਨਕ ਖ਼ਾਲਸਾ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਦਲਜੀਤ ਸਿੰਘ ਸੰਧੂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਧੂ ਬਾਕਸਿੰਗ ਕਲੱਬ ਦੇ ਸਰਪ੍ਰਸਤ ਇੰਟਰਨੈਸ਼ਨਲ ਬਾਕਸਰ ਪ੍ਰਵੀਨ ਕੁਮਾਰ, ਬਾਕਸਰ ਮਨਦੀਪ ਸਿੰਘ ਸੰਧੂ, ਕਾਲਜ ਕਮੇਟੀ ਦੇ ਸਕੱਤਰ ਬਲਕਰਨ ਸਿੰਘ ਬਰਾੜ, ਸੇਵਾ ਮੁਕਤ ਕਰਨਲ ਅਜੀਤ ਸਿੰਘ ਸਮਾਘ, ਸੇਵਾਮੁਕਤ ਕਰਨਲ ਜੀ.ਪੀ.ਐੱਸ. ਬਰਾੜ, ਸੇਵਾਮੁਕਤ ਡੀ.ਆਈ.ਜੀ.ਲਖਮਿੰਦਰ ਸਿੰਘ ਜਾਖੜ, ਗੁਰਮਿੰਦਰ ਸਿੰਘ ਸੰਧੂ, ਨੰਬਰਦਾਰ ਸੁਖਵਿੰਦਰ ਸਿੰਘ ਸੰਧੂ, ਬੱਬੂ ਸੰਧੂ, ਪ੍ਰਿੰਸੀਪਲ ਰੁਪਿੰਦਰ ਕੌਰ ਸੰਧੂ ਆਦਿ ਹਾਜ਼ਰ ਸਨ।

ਰਾਣੀ ਵਾਲਾ ਖੇਡ ਟੂਰਨਾਮੈਂਟ ਦੀ ਆਰੰਭਤਾ ਮੌਕੇ ਸੰਤ ਬਾਬਾ ਸੁਰਮਖ ਸਿੰਘ ਅਤੇ ਟੂਰਨਾਮੈਂਟ ਪ੍ਰਬੰਧਕ। ਅਜੀਤ ਤਸਵੀਰ

ਰਾਣੀ ਵਾਲੇ ਦਾ ਖੇਡ ਮੇਲਾ ਸ਼ੁਰੂ

ਮੰਡੀ ਅਰਨੀਵਾਲਾ, 28 ਅਕਤੂਬਰ (ਨਿਸ਼ਾਨ ਸਿੰਘ ਮੋਹਲ਼ਾ)-108ਸੰਤ ਬਾਬਾ ਹਰਕਰਮ ਸਿੰਘ ਜੀ ਦੀ ਯਾਦ ਵਿਚ 70ਵੀ ਸਾਲਾਨਾ ਬਰਸੀ ਮੌਕੇ 36ਵਾਂ ਸ਼ਾਨਦਾਰ ਪੇਂਡੂ ਖੇਡ ਟੂਰਨਾਮੈਂਟ ਅੱਜ ਤੋਂ ਸ਼ੁਰੂ ਹੋ ਗਿਆ ਹੈ। ਇਸ ਦੀ ਆਰੰਭਤਾ ਸੰਤ ਬਾਬਾ ਸੁਰਮੁੱਖ ਸਿੰਘ ਜੀ ਰਾਣੀ ਵਾਲਿਆਂ ਵੱਲੋਂ ਅਰਦਾਸ ਬੇਨਤੀ ਕਰਕੇ ਕੀਤੀ ਗਈ। ਇਸ ਮੌਕੇ ਖੇਡ ਮੇਲੇ ਦੇ ਪ੍ਰਬੰਧਕ, ਖਿਡਾਰੀ ਤੇ ਪਿੰਡ ਵਾਸੀ ਹਾਜ਼ਰ ਸਨ। ਜਿਨ੍ਹਾਂ ਨੇ ਦੱਸਿਆ ਕਿ ਤਿੰਨ ਦਿਨਾਂ ਖੇਡ ਮੇਲੇ ਵਿਚ ਕਬੱਡੀ ਓਪਨ, ਕਬੱਡੀ 50 ਕਿੱਲੋ, ਕਬੱਡੀ 75 ਕਿੱਲੋ ਤੇ ਕਬੱਡੀ 62 ਕਿੱਲੋ ਦੇ ਮੁਕਾਬਲੇ ਕਰਵਾਏ ਜਾਣਗੇ। ਕਬੱਡੀ ਓਪਨ ਵਿਚ ਜੇਤੂ ਟੀਮ ਨੂੰ 61000 ਤੇ ਦੂਜੇ ਨੰਬਰ ਤੇ ਆਉਣ ਵਾਲੀ ਟੀਮ ਨੂੰ 41000 ਦੀ ਰਾਸ਼ੀ ਦਾ ਨਗਦ ਇਨਾਮ ਦਿੱਤਾ ਜਾਵੇਗਾ।

ਹਲਕਾ ਬੱਲੂਆਣਾ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਟਿਕਟ ਦੇ ਦਾਅਵੇਦਾਰ ਬਲਦੇਵ ਸਿੰਘ ਪੰਜਾਬ ਕਾਂਗਰਸ ਭਵਨ ਵਿਖੇ ਦਫ਼ਤਰ ਇੰਚਾਰਜ ਹੈਪੀ ਖੇੜਾ ਨੂੰ ਫਾਰਮ ਜਮਾਂ ਕਰਵਾਉਂਦੇ ਹੋਏ ਅਤੇ ਨਾਲ ਹਾਜ਼ਰ ਹਲਕਾ ਅਬੋਹਰ ਤੋ ਟਿਕਟ ਦੇ ਦਾਅਵੇਦਾਰ ਹਰਪ੍ਰੀਤ ਸਿੰਘ ਅਤੇ ਹੋਰ। ਅਜੀਤ ਤਸਵੀਰ

ਕਾਂਗਰਸ ਆਗੂ ਬਲਦੇਵ ਸਿੰਘ ਨੇ ਕਾਂਗਰਸ ਭਵਨ ਵਿਖੇ 'ਵੋਟ ਚੋਰ ਗੱਦੀ ਛੋੜ' ਮੁਹਿੰਮ ਦੇ ਫਾਰਮ ਜਮ੍ਹਾਂ ਕਰਵਾਏ

ਅਬੋਹਰ, 28 ਅਕਤੂਬਰ (ਸੁਖਜੀਤ ਸਿੰਘ ਬਰਾੜ)-ਸੀਨੀਅਰ ਕਾਂਗਰਸ ਆਗੂ ਅਤੇ ਹਲਕਾ ਬੱਲੂਆਣਾ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਸੇਵਾ ਮੁਕਤ ਐੱਸ.ਡੀ.ਓ ਬਲਦੇਵ ਸਿੰਘ ਵਲੋਂ ਸੂਬਾ ਕਾਂਗਰਸ ਦੁਆਰਾ ਸੂਬੇ ਵਿਚ ਚਲਾਈ 'ਵੋਟ ਚੋਰ ਗੱਦੀ ਛੋੜ' ਮੁਹਿੰਮ ਤਹਿਤ ਹਲਕੇ ਦੇ ਪਿੰਡਾਂ 'ਚ ਹਜ਼ਾਰਾ ਫਾਰਮ ਭਰ ਕੇ ਪੰਜਾਬ ਕਾਂਗਰਸ ਭਵਨ ਵਿਖੇ ਪਾਰਟੀ ਦੇ ਦਫ਼ਤਰ ਇੰਚਾਰਜ ਹੈਪੀ ਖੇੜਾ ਪਾਸ ਜਮਾਂ ਕਰਵਾਏ ਗਏ ਹਨ। ਇਸ ਦੌਰਾਨ ਸੇਵਾ ਮੁਕਤ ਐੱਸ.ਡੀ.ਓ ਬਲਦੇਵ ਸਿੰਘ ਨੇ ਕਿਹਾ ਕਿ ਉਹ ਬੱਲੂਆਣਾ ਹਲਕੇ 'ਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਪਿੰਡ-ਪਿੰਡ ਜਾ ਕੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਦਾ ਪ੍ਰਚਾਰ ਕਰ ਰਹੇ ਹਨ ਤਾਂ ਕਿ 2027 ਵਿਚ ਸੂਬੇ ਵਿਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਉਹ ਵੀ ਬੱਲੂਆਣਾ ਹਲਕੇ ਤੋਂ ਕਾਂਗਰਸ ਉਮੀਦਵਾਰ ਵਜੋਂ ਚੋਣ ਲੜਨ ਦੇ ਚਾਹਵਾਨ ਹਨ। ਜੇਕਰ ਪਾਰਟੀ ਨੇ ਉਨ੍ਹਾਂ ਨੂੰ ਬੱਲੂਆਣਾ ਹਲਕੇ ਤੋਂ ਟਿਕਟ ਦੇ ਕੇ ਉਮੀਦਵਾਰ ਬਣਾਇਆ ਤਾਂ ਉਹ ਇਹ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਵਿਚ ਪਾਉਣਗੇ। ਇਸ ਮੌਕੇ ਹਲਕਾ ਅਬੋਹਰ ਅਤੇ ਕਾਂਗਰਸ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਹਰਪ੍ਰੀਤ ਸਿੰਘ ਸਿੱਧੂ, ਬੀ.ਸੀ ਵਿੰਗ ਦੇ ਪ੍ਰਧਾਨ ਰਮੇਸ਼ ਕੁਮਾਰ ਸੱਪਾਂ ਵਾਲੀ ਆਦਿ ਹਾਜ਼ਰ ਸਨ।

ਸਿਹਤ ਵਿਭਾਗ ਫ਼ਾਜ਼ਿਲਕਾ ਵਲੋਂ ਡੇਂਗੂ 'ਤੇ ਹੱਲਾ ਬੋਲ ਮੁਹਿੰਮ ਜਾਰੀ-ਡਾ ਰੋਹਿਤ ਗੋਇਲ

**ਰਾਧਾ ਸਵਾਮੀ ਕਾਲੋਨੀ ਅਤੇ ਜੱਟੀਆਂ ਮੁਹੱਲਾ ਵਿਖੇ ਡੇਂਗੂ ਬੁਖ਼ਾਰ ਦੀ ਟੈਸਟਿੰਗ